**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ**

**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਫੇਜ਼-8, ਸ.ਅ.ਸ. ਨਗਰ**

ਵੱਲ,

(Through website)

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.)
ਪੰਜਾਬ।

ਮੀਮੋ ਨੰ: 15/36-2016 ਤੇ ਕਾਮਾ (1)/102
ਮਿਤੀ, ਸਅਸ ਨਗਰ: 05.03.2018

**ਵਿਸ਼ਾ:-** **ਅਧਿਆਪਕਾਂ ਨੂੰ ਇਤਫਾਕੀਆ ਛੁੱਟੀ/ ਸਟੇਸ਼ਨ ਲੀਵ ਸਬੰਧੀ।**

ਜਿਸ ਤਰ੍ਹਾਂ ਕਿ ਆਪ ਨੂੰ ਪਤਾ ਹੀ ਹੈ ਕਿ ਇਸ ਸਮੇਂ ਬਾਰ੍ਹਵੀਂ ਜਮਾਤ ਦੀਆਂ ਸਾਲਾਨਾ ਪ੍ਰੀਖਿਆਵਾਂ ਹੋ ਰਹੀਆਂ ਹਨ ਅਤੇ ਛੇਤੀ ਹੀ ਦਸਵੀਂ ਅਤੇ ਹੋਰ ਘਰੇਲੂ ਪ੍ਰੀਖਿਆਵਾਂ ਵੀ ਸ਼ੁਰੂ ਹੋਣ ਵਾਲੀਆਂ ਹਨ। ਇਸ ਉਪਰੰਤ ਪ੍ਰੀਖਿਆਵਾਂ ਦੀ ਚੈਕਿੰਗ ਆਦਿ ਦਾ ਕੰਮ ਵੀ ਸ਼ੁਰੂ ਹੋਣਾ ਹੈ। ਇਹਨਾਂ ਪ੍ਰੀਖਿਆਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵਾਧੂ ਅਮਲੇ ਦੀ ਲੋੜ ਪੈਂਦੀ ਹੈ। ਜਿਸ ਤਰ੍ਹਾਂ ਕਿ ਆਪ ਨੂੰ ਪਤਾ ਹੀ ਹੈ ਕਿ ਵਿਭਾਗ ਵੱਲੋਂ ਇਹ ਪ੍ਰੀਖਿਆਵਾਂ ਬਿਲਕੁਲ ਨਕਲ ਰਹਿਤ ਕਰਵਾਉਣ ਤੇ ਜ਼ੋਰ ਦਿੱਤਾ ਜਾ ਰਿਹਾ ਹੈ, ਇਸ ਲਈ ਜੇਕਰ ਆਪ ਨੂੰ ਕੁਝ ਕੇਂਦਰਾਂ ਲਈ ਹੋਰ ਵਾਧੂ ਅਮਲੇ ਦੀ ਲੋੜ ਹੋਵੇ ਤਾਂ ਇਹ ਕੰਮ ਅਧਿਆਪਕਾਂ ਤੋਂ ਲਿਆ ਜਾ ਸਕਦਾ ਹੈ। ਸੋ, ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਸਮੂਹ ਸਕੂਲ ਮੁਖੀਆਂ ਨੂੰ ਹਦਾਇਤਾਂ ਕੀਤੀਆਂ ਜਾਣ ਕਿ ਉਹ ਆਪਣੇ ਸਕੂਲ ਦੇ ਅਧਿਆਪਕਾਂ ਨੂੰ ਇਹਨਾਂ ਪ੍ਰੀਖਿਆਵਾਂ ਦੇ ਸਮੇਂ ਦੌਰਾਨ ਇਤਫਾਕੀਆ ਛੁੱਟੀ/ ਸਟੇਸ਼ਨ ਲੀਵ ਆਦਿ ਦੇਣ ਤੋਂ ਗੁਰੇਜ਼ ਕਰਨ ਅਤੇ ਜੇਕਰ ਕਿਸੇ ਅਧਿਆਪਕ ਨੂੰ ਅਤਿ ਜ਼ਰੂਰੀ ਕਾਰਣ ਇਤਫਾਕੀਆ ਛੁੱਟੀ/ ਸਟੇਸ਼ਨ ਲੀਵ ਦੀ ਲੋੜ ਹੋਵੇ ਤਾਂ ਉਸਦੀ ਪੂਰਵ ਪ੍ਰਵਾਨਗੀ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਤੋਂ ਪ੍ਰਾਪਤ ਕੀਤੀ ਜਾਵੇ।

ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

5/3/18

ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ

ਪਿੱਠ ਅੰਕਣ ਨੰ: ਉਕਤ ਮਿਤੀ, ਸਅਸ ਨਗਰ: 05.03.2018

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਹਾਇਕ/ ਸਕੱਤਰ ਸਕੂਲ ਸਿੱਖਿਆ ਜੀ।
2. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।
3. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.) ਪੰਜਾਬ।

5/3/18

ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ